SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 203 | Monday, November 06, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਵਾਅਨ ਵਿੱਚ ਦਰਜਨਾਂ ਖਾਲੀ ਘਰਾਂ ਨੂੰ ਲੱਗੀ ਅੱਗ, ਮਾਮਲੇ ਦੀ ਕੀਤੀ ਜਾ ਰਹੀ ਹੈ ਜਾਂਚ



ਵਾਅਨ, 5 ਨਵੰਬਰ (ਪੋਸਟ ਬਿਊਰੋ) : ਐਤਵਾਰ ਨੂੰ ਲੱਗਭਗ ਦੋ ਦਰਜਨ ਘਰਾਂ ਨੂੰ ਤਬਾਹ ਕਰਨ ਵਾਲੀ ਅੱਗ ਦੇ ਸਬੰਧ ਵਿੱਚ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਕਿਸ ਤਰ੍ਹਾਂ ਲੱਗੀ। ਇਸ ਦੌਰਾਨ ਕੀਮਤੀ ਫਾਇਰਫਾਈਟਿੰਗ ਇਕਿਉਪਮੈਂਟ ਵੀ ਸੜ ਕੇ ਸੁਆਹ ਹੋ ਗਿਆ।


ਸਵੇਰੇ 4:00 ਵਜੇ ਤੋਂ ਬਾਅਦ ਹਾਈਵੇਅ 27 ਤੇ ਰੁਦਰਫੋਰਡ ਰੋਡ ਏਰੀਆ ਵਿੱਚ ਸਾਇਮਨਜ਼ ਸਟਰੀਟ ਉੱਤੇ ਸਥਿਤ ਕਈ ਖਾਲੀ ਘਰਾਂ ਨੂੰ ਅੱਗ ਲੱਗ ਜਾਣ ਦੀ ਜਾਣਕਾਰੀ ਦੇ ਕੇ ਫਾਇਰਫਾਈਟਰਜ਼ ਨੂੰ ਸੱਦਿਆ ਗਿਆ। ਜਦੋਂ ਫਾਇਰਫਾਈਟਰਜ ਪਹੁੰਚੇ ਤਾਂ ਉਨ੍ਹਾਂ ਨੂੰ ਘਰਾਂ ਤੋਂ ਉੱਠ ਰਹੀਆਂ ਅੱਗ ਦੀਆਂ ਲਪਟਾਂ ਤੇ ਸੰਘਣੇ ਕਾਲੇ ਧੂੰਏਂ ਦਾ ਸਾਹਮਣਾ ਕਰਨਾ ਪਿਆ। ਉੱਤਰੀ ਹਵਾਵਾਂ ਕਾਰਨ ਅੱਗ ਨੂੰ ਹੋਰ ਹਵਾ ਮਿਲੀ ਤੇ ਉਹ ਫੈਲਦੀ ਗਈ। ਇਸ ਅੱਗ ਦੀ ਲਪੇਟ ਵਿੱਚ ਕਈ ਘਰ ਆ ਗਏ।

20 ਤੋਂ 30 ਘਰਾਂ ਨੂੰ ਲੱਗੀ ਇਸ ਅੱਗ ਨਾਲ ਨਜਿੱਠਣ ਲਈ 60 ਦੇ ਨੇੜੇ ਤੇੜੇ ਫਾਇਰਫਾਈਟਰਜ਼ ਮੌਕੇ ਉੱਤੇ ਮੌਜੂਦ ਸਨ ਤੇ 14 ਐਪੇਰੇਟਸ ਤੋਂ ਅੱਗ ਉੱਤੇ ਕਾਬੂ ਪਾਉਣ ਲਈ ਕੰਮ ਲਿਆ ਜਾ ਰਿਹਾ ਸੀ। ਵਾਅਨ ਦੇ ਡਿਪਟੀ ਫਾਇਰ ਚੀਫ ਗ੍ਰਾਂਟ ਮੋਫਤ ਨੇ ਆਖਿਆ ਕਿ ਇਹ ਸਾਰੀ ਕੰਸਟ੍ਰਕਸ਼ਨ ਲੱਕੜ ਦੀ ਹੋਈ ਪਈ ਹੈ ਤੇ ਇਹ ਇੱਟਾਂ ਵਾਲੇ ਡਰਾਈਵਾਲ ਘਰ ਹਨ ਤੇ ਇਸ ਲਈ ਅੱਗ ਬੁਝਾਉਣ ਵਾਸਤੇ ਫਾਇਰਫਾਈਟਰਜ਼ ਅੰਦਰ ਨਹੀਂ ਜਾ ਸਕਦੇ, ਇਸ ਲਈ ਬਾਹਰੋਂ ਹੀ ਅੱਗ ਉੱਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਮੋਫਤ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਮੌਕੇ ਉੱਤੇ ਪਹੁੰਚਣ ਵਾਲਾ ਪਹਿਲਾ ਹਵਾਈ ਫਾਇਰ ਟਰੱਕ ਵੀ ਅੱਗ ਦੀ ਚਪੇਟ ਵਿੱਚ ਆਉਣ ਕਾਰਨ ਤਬਾਹ ਹੋ ਗਿਆ। ਸਾਡੇ ਲਈ ਇਹ ਵੀ ਬਹੁਤ ਵੱਡਾ ਨੁਕਸਾਨ ਹੋਇਆ ਹੈ। ਇਸ ਕਾਂਪਲੈਕਸ ਦੇ ਨੇੜੇ ਸਥਿਤ ਕਈ ਹੋਰਨਾਂ ਘਰਾਂ ਨੂੰ ਵੀ ਅਹਿਤਿਆਤਨ ਖਾਲੀ ਕਰਵਾ ਲਿਆ ਗਿਆ ਸੀ ਪਰ ਹੁਣ ਲੋਕ ਆਪਣੇ ਘਰਾਂ ਵਿੱਚ ਪਰਤ ਆਏ ਹਨ।

ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਰੁਦਰਫੋਰਡ ਰੋਡ ਨੂੰ ਮੈਕਗਿਲਿਵਰੇਅ ਰੋਡ ਤੋਂ ਹਾਈਵੇਅ 27 ਤੱਕ ਮੁੜ ਖੋਲ੍ਹ ਦਿੱਤਾ ਗਿਆ ਹੈ। ਫਰਸਟ ਮਾਰਸ਼ਲ ਦੇ ਆਫਿਸ ਨੂੰ ਮਾਮਲੇ ਦੀ ਜਾਂਚ ਸੌਂਪੀ ਗਈ ਹੈ ਤੇ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਾਇਆ ਜਾ ਰਿਹਾ ਹੈ।

## ਵ੍ਹਿਟਬੀ ਦੇ ਘਰ ਤੋਂ ਮਿਲੀ ਮਹਿਲਾ ਦੀ ਲਾਸ਼, ਇੱਕ ਵਿਅਕਤੀ ਗ੍ਰਿਫਤਾਰ




ਵ੍ਹਿਟਬੀ, 5 ਨਵੰਬਰ (ਪੋਸਟ ਬਿਊਰੋ) : ਵ੍ਹਿਟਬੀ ਦੇ ਇੱਕ ਘਰ ਵਿੱਚੋਂ ਮਹਿਲਾ ਦੀ ਲਾਸ਼ ਮਿਲਣ ਤੋਂ ਬਾਅਦ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

ਸੈਂਟਰਲ ਵੈਸਟ ਡਵੀਜ਼ਨ ਵਿੱਚ ਇੱਕ ਵਿਅਕਤੀ ਨਾਲ ਗੱਲਬਾਤ ਤੋਂ ਬਾਅਦ ਸ਼ਨਿੱਚਰਵਾਰ ਨੂੰ ਰਾਤੀਂ 9:00 ਵਜੇ ਦੇ ਨੇੜੇ ਤੇੜੇ ਕਾਊਂਟੀ ਲੇਨ ਤੇ ਟੌਂਟਨ ਰੋਡ ਵੈਸਟ ਇਲਾਕੇ ਵਿੱਚ ਕ੍ਰੈੱਸਮੈਲ ਕੋਰਟ ਵਿੱਚ ਸਥਿਤ ਇੱਕ ਘਰ ਵਿੱਚ ਦਰਹਾਮ ਪੁਲਿਸ ਪਹੁੰਚੀ। ਮੌਕੇ ਉੱਤੇ ਪਹੁੰਚੀ ਪੁਲਿਸ ਨੇ ਵੇਖਿਆ ਕਿ ਇੱਕ ਮਹਿਲਾ ਬੇਸੁੱਧ ਪਈ ਹੈ ਤੇ ਉਸ ਵਿੱਚ ਕੋਈ ਸਾਹ-ਸਤ ਨਹੀਂ ਹੈ। ਉਸੇ ਵੇਲੇ ਉਸ ਨੂੰ ਬਚਾਉਣ ਦੀਆਂ ਸਾਰੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਗਈਆਂ ਪਰ ਮਹਿਲਾ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।

ਮਹਿਲਾ ਦੀ ਪਛਾਣ 34 ਸਾਲਾ ਲੈਟੋਨਿਆ ਐਂਡਰਸਨ ਵਜੋਂ ਕੀਤੀ ਗਈ ਹੈ। ਵ੍ਹਿਟਬੀ ਦੇ 33 ਸਾਲਾ ਟਰੌਏ ਮੁਲਟਨ ਨੂੰ ਸੈਕਿੰਡ ਡਿਗਰੀ ਮਰਡਰ ਦੇ ਦੋਸ਼ਾਂ ਹੇਠ ਚਾਰਜ ਕੀਤਾ ਗਿਆ ਹੈ ਤੇ ਮੌਕੇ ਉੱਤੇ ਹੀ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਦੋਵਾਂ ਵਿਚਾਲੇ ਕੀ ਰਿਸ਼ਤਾ ਸੀ।

## ਪ੍ਰੀਮੀਅਰਜ਼ ਦੀ ਮੀਟਿੰਗ ਵਿੱਚ ਐਨਰਜੀ ਦੀਆਂ ਕੀਮਤਾਂ ਤੇ ਹੈਲਥ ਕੇਅਰ ਦਾ ਮੁੱਦਾ ਛਾਏ ਰਹਿਣ ਦੀ ਸੰਭਾਵਨਾ



ਹੈਲੀਫੈਕਸ, 5 ਨਵੰਬਰ (ਪੋਸਟ ਬਿਊਰੋ) : ਹੈਲੀਫੈਕਸ ਵਿੱਚ ਇਸ ਹਫਤੇ ਹੋਣ ਜਾ ਰਹੀ ਦੇਸ਼ ਭਰ ਦੇ ਪ੍ਰੀਮੀਅਰਜ਼ ਤੇ ਟੈਰੇਟੋਰੀਅਲ ਆਗੂਆਂ ਦੀ ਮੀਟਿੰਗ ਵਿੱਚ ਕੈਨੇਡਾ ਵਿੱਚ ਰਹਿਣ ਲਈ ਲਗਾਤਾਰ ਵੱਧ ਰਹੀਆਂ ਕੀਮਤਾਂ ਉੱਤੇ ਅਪਣਾਏ ਜਾਣ ਵਾਲੇ ਕਾਰਬਨ ਪ੍ਰਾਈਸਿੰਗ ਮਾਪਦੰਡਾਂ ਦੇ ਪ੍ਰਭਾਵ ਦੇ ਨਾਲ ਨਾਲ ਹੈਲਥ ਕੇਅਰ ਦਾ ਮੁੱਦਾ ਹੀ ਛਾਏ ਰਹਿਣ ਦੀ ਸੰਭਾਵਨਾ ਹੈ।


ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਪਿਛਲੇ ਮਹੀਨੇ ਹੋਮ ਫਿਊਲ ਆਇਲ, ਹੀਟ ਪੰਪਸ ਲਾਉਣ ਲਈ ਘੱਟ ਆਮਦਨ ਵਾਲੇ ਕੈਨੇਡੀਅਨਜ਼ ਲਈ ਗ੍ਰਾਂਟ ਪ੍ਰੋਗਰਾਮ ਦੇ ਪਸਾਰ ਦੇ ਐਲਾਨ ਤੋਂ ਬਾਅਦ ਇਸ ਮੁੱਦੇ ਉੱਤੇ ਸਾਰਿਆਂ ਦਾ ਧਿਆਨ ਕੇਂਦਰਿਤ ਹੋਇਆ। ਫੈਡਰਲ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਇਹ ਰਾਹਤ ਸਿਰਫ 10 ਪ੍ਰੋਵਿੰਸਾਂ ਤੇ ਟੈਰੇਟਰੀਜ਼ ਉੱਤੇ ਹੀ ਲਾਗੂ ਹੋਵੇਗੀ ਕਿਉਂਕਿ ਬ੍ਰਿਟਿਸ਼ ਕੋਲੰਬੀਆ, ਕਿਊਬਿਕ ਤੇ ਨੌਰਥਵੈਸਟ ਟੈਰੇਟਰੀਜ਼ ਆਪਣਾ ਫਿਊਲ ਟੈਕਸ ਲੈਂਦੇ ਹਨ ਇਸ ਲਈ ਉਨ੍ਹਾਂ ਨੂੰ ਇਸ ਤਰ੍ਹਾਂ ਦੀ ਰਾਹਤ ਨਹੀਂ ਮਿਲੇਗੀ।

ਮੀਟਿੰਗਜ਼ ਤੋਂ ਪਹਿਲਾਂ ਹੈਲੀਫੈਕਸ ਤੋਂ ਬੋਲਦਿਆਂ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਐਬੀ ਨੇ ਆਖਿਆ ਕਿ ਇਸ ਤਰ੍ਹਾਂ ਦੀ ਰਾਹਤ ਦੀ ਅਸਮਾਨ ਵੰਡ ਸਹੀ ਨਹੀਂ ਹੈ। ਇੱਕ ਨਿਊਜ਼ ਕਾਨਫਰੰਸ ਵਿੱਚ ਐਬੀ ਨੇ ਆਖਿਆ ਕਿ ਹੋਮ ਹੀਟਿੰਗ ਆਇਲ ਉੱਤੇ ਐਟਲਾਂਟਿਕ ਕੈਨੇਡੀਅਨਜ਼ ਨੂੰ ਰਿਆਇਤ ਮਿਲਣ ਨਾਲ ਉਨ੍ਹਾਂ ਨੂੰ ਕੋਈ ਖਾਰ ਨਹੀਂ ਹੈ ਪਰ ਉਨ੍ਹਾਂ ਨੂੰ ਦੁੱਖ ਇਸ ਗੱਲ ਦਾ ਹੈ ਕਿ ਇਹੋ ਰਿਆਇਤ ਬ੍ਰਿਟਿਸ਼ ਕੋਲੰਬੀਆ ਵਾਸੀਆਂ ਨੂੰ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਆਖਿਆ ਕਿ ਜੇ ਵੇਖਿਆ ਜਾਵੇ ਤਾਂ ਬ੍ਰਿਟਿਸ਼ ਕੋਲੰਬੀਆ ਵਾਸੀਆਂ ਦੀ ਹਾਲਤ ਵੀ ਉਹੋ ਜਿਹੀ ਹੀ ਹੈ।

ਮੀਟਿੰਗ ਤੋਂ ਪਹਿਲਾਂ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਵੀ ਕਾਰਬਨ ਟੈਕਸ ਉੱਤੇ ਲਿਖਤੀ ਨਿਸ਼ਾਨਾ ਸਾਧਦਿਆਂ ਫੈਡਰਲ ਸਰਕਾਰ ਨੂੰ ਸਹੀ ਕੰਮ ਕਰਨ ਦੀ ਮੰਗ ਕੀਤੀ ਤੇ ਆਖਿਆ ਕਿ ਇਹ ਫਾਇਦਾ ਤੇ ਰਿਆਇਤ ਕੈਨੇਡਾ ਭਰ ਵਿੱਚ ਇੱਕੋ ਜਿਹੀ ਦੇਣੀ ਚਾਹੀਦੀ ਹੈ। ਉਨ੍ਹਾਂ ਆਖਿਆ ਕਿ ਮਹਿੰਗਾਈ ਸਾਰੇ ਕੈਨੇਡੀਅਨਜ਼ ਲਈ ਇੱਕੋ ਜਿਹੀ ਹੈ ਤੇ ਦੇਸ਼ ਭਰ ਵਿੱਚ ਰਹਿਣੀ ਸਹਿਣੀ ਦੀਆਂ ਕੀਮਤਾਂ ਹੱਦਾਂ ਪਾਰ ਕਰ ਗਈਆਂ ਹਨ। ਹੁਣ ਵੇਲਾ ਹੈ ਕਿ ਫੈਡਰਲ ਸਰਕਾਰ ਮਹਿੰਗਾਈ ਨਾਲ ਨਜਿੱਠਣ ਲਈ ਗੰਭੀਰਤਾ ਨਾਲ ਕੰਮ ਕਰੇ। ਉਨ੍ਹਾਂ ਆਖਿਆ ਕਿ ਦੇਸ਼ ਭਰ ਦੇ ਲੋਕ ਸੰਘਰਸ਼ ਕਰ ਰਹੇ ਹਨ ਤੇ ਰਿਆਇਤ ਸਾਰਿਆਂ ਨੂੰ ਹੀ ਬਰਾਬਰ ਚਾਹੀਦੀ ਹੈ।

ਜ਼ਿਕਰਯੋਗ ਹੈ ਕਿ ਕਾਂਉਂਸਲ ਆਫ ਦ ਫੈਡਰੇਸ਼ਨ ਦੀਆਂ ਮੀਟਿੰਗਾਂ ਲਈ ਪ੍ਰੀਮੀਅਰਜ਼ ਐਤਵਾਰ ਤੇ ਸੋਮਵਾਰ ਨੂੰ ਹੈਲੀਫੈਕਸ ਵਿੱਚ ਇੱਕਠੇ ਹੋ ਰਹੇ ਹਨ।

## ਸਿੱਖ ਨੇਸ਼ਨ ਵੱਲੋਂ ਲਾਏ ਜਾ ਰਹੇ ਹਨ ਖ਼ੂਨਦਾਨ ਕੈਂਪ



ਓਨਟਾਰੀਓ, 5 ਨਵੰਬਰ (ਪੋਸਟ ਬਿਊਰੋ) : ਸਿੱਖ ਨੇਸ਼ਨ 2023 ਵੱਲੋਂ 1984 ਵਿੱਚ ਹੋਈ ਸਿੱਖ ਨਸਲਕੁਸ਼ੀ ਦੀ ਯਾਦ ਵਿੱਚ ਵਿੱਢੀ ਗਈ ਮੁਹਿੰਮ ਤਹਿਤ ਖ਼ੂਨਦਾਨ ਕੈਂਪ ਲਾਏ ਜਾ ਰਹੇ ਹਨ। "ਬਲੱਡ ਡੋਨੇਸ਼ਨ ਬਾਇ ਸਿੱਖ ਨੇਸ਼ਨ" ਵੱਲੋਂ ਹੀ ਬਲੱਡ ਡੋਨੇਸਨ ਕਲੀਨਿਕਸ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਕੈਂਪ 31 ਅਕਤੂਬਰ ਤੋਂ ਸ਼ੁਰੂ ਹੋ ਕੇ 25 ਨਵੰਬਰ ਤੱਕ ਚੱਲਣਗੇ। ਹਰ ਸਾਲ ਖ਼ੂਨ ਦਾਨ ਕਰਕੇ ਸਿੱਖ ਨੇਸ਼ਨ (ਕੌਮ) ਨੇ 176,000 ਜ਼ਿੰਦਗੀਆਂ ਬਚਾਅ ਕੇ ਨਵਾਂ ਇਤਿਹਾਸ ਰਚਿਆ ਹੈ। ਤੁਸੀਂ ਵੀ ਇਸ ਜ਼ਿੰਦਗੀ ਬਚਾਉਣ ਵਾਲੀ ਮੁਹਿੰਮ ਦਾ ਹਿੱਸਾ ਬਣ ਸਕਦੇ ਹੋਂ ਤੇ ਖ਼ੂਨਦਾਨੀ ਬਣ ਕੇ ਖੁਦ ਉੱਤੇ ਮਾਣ ਕਰ ਸਕਦੇ ਹੋਂ। ਇਸ ਸਾਲ ਦੇ ਕਲੀਨਿਕਸ ਦੀ ਲਿਸਟ ਹੇਠਾਂ ਦਿੱਤੀ ਜਾ ਰਹੀ ਹੈ :

1: Bolton: Oct 31st Tuesday 1 PM to 7 PM: Bolton Community Centre: (150 Queens St South Bolton)

2: Brampton: Nov 4th Saturday 11 AM to 5 PM: Khalsa Community School (69 Maitland Dr Brampton)

3: Brampton: 5th Sunday 11 AM to 5 PM: Khalsa Community School (69 Maitland Dr Brampton)

4: Ottawa: Nov 5th Sunday 11:30 to 2:30 PM: Infinity Convention Centre: (2901 Gibford Dr Ottawa)

5: Ontario Khalsa Darbar: Nov 11th Saturday 11AM to 4 PM: (7080 Dixie Rd Mississauga)

6: Ancaster/ Hamilton : Nov 11th Saturday 9:00 AM to 1 PM: (35 Stone Church Rd. Ancaster)

7: Kitchener Waterloo: Nov 11th Saturday 8 AM to 1 PM: (94 Bridgeport Rd East Kitchener)

...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC. Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15 Brampton, ON L6S 0C2

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਸਿੱਖ ਨੇਸ਼ਨ ਵੱਲੋਂ ਲਾਏ ਜਾ ਰਹੇ ਹਨ ਖ਼ੂਨਦਾਨ ਕੈਂਪ

ਪੰਨਾ 1 ਦਾ ਬਾਕੀ

8: Woodstock: Nov 11th Saturday: 10 AM to 2 PM: Goff Hall (381 Finkle St Woodstock)
9: Etobicoke: Nov 16th Thursday 5 PM to 7 PM: Penemonte Banquet Hall (220 Humberline Dr Etobicoke)
10: Brantford: Nov 18th Saturday 9:30 AM to 1:30PM:Branlyn Community Centre(238 Brantwood Park Brantford)
11: Windsor/ Chathan: Nov 18th Saturday 1 PM to 2 PM: Windsor Donor Ctr(1001 Grand Ave West Chatham)
12: London: Nov 18th Saturday 9 AM to 1 PM: London Donor Centre (820 Wharncliffe Rd S London)
13: Burlington: Nov 18th Saturday 8 AM to 2 PM: Burlington Donor Centre (1250 Brant St Burlington)
14: St. Catherine: Nov 18th Saturday: 5 PM to 5:45 PM: Smart Centre St Catherine (420 Vansickle Rd Unit E-05)
15: Sudbury: Nov 25th Saturday 8 AM to 3:35 PM: Sudbury Plasma Centre (900 Lasalle Blvd Sudbury)
16: Guelph: Nov 25th Saturday: 8 AM to 2 PM: Guelph Donor Centre (130 Silvercreek Pkwy N Guelph)
17: Mississauga Donor Centre: Nov 25th Saturday 10 AM to 1PM: (765 Brittania Rd Mississauga)
18: Brampton Plasma Centre: Nov 25th Saturday 8 AM to 3:35 PM: (8255 Financial Drive Brampton)

ਵਧੇਰੇ ਜਾਣਕਾਰੀ ਲਈ 647-708-1984 ਉੱਤੇ ਸੰਪਰਕ ਕੀਤਾ ਜਾ ਸਕਦਾ ਹੈ।

# ਯੂਕ੍ਰੇਨ ਨੇ ਕ੍ਰੀਮੀਆ ਦੇ ਸ਼ਿਪਯਾਰਡ ’ਤੇ ਕੀਤਾ ਹਮਲਾ



ਮਾਸਕੋ, 5 ਨਵੰਬਰ (ਪੋਸਟ ਬਿਊਰੋ): ਰੂਸ ਦੀ ਫੌਜ ਨੇ ਕਿਹਾ ਕਿ ਯੂਕ੍ਰੇਨ ਨੇ ਕ੍ਰੀਮੀਆ ਵਿੱਚ ਇੱਕ ਸ਼ਿਪਯਾਰਡ 'ਤੇ ਮਿਜ਼ਾਈਲ ਹਮਲਾ ਕੀਤਾ, ਜਿਸ ਨਾਲ ਇੱਕ ਰੂਸੀ ਜਹਾਜ਼ ਨੂੰ ਨੁਕਸਾਨ ਪਹੁੰਚਿਆ। ਰੂਸ ਦੇ ਰੱਖਿਆ ਮੰਤਰਾਲੇ ਨੇ ਸ਼ਨੀਵਾਰ ਦੇਰ ਰਾਤ ਕਿਹਾ ਕਿ ਯੂਕ੍ਰੇਨੀ ਬਲਾਂ ਨੇ ਕ੍ਰੀਮੀਅਨ ਪ੍ਰਾਇਦੀਪ 'ਤੇ ਪੂਰਬੀ ਸ਼ਹਿਰ ਕੇਰਚ ਦੇ ਜ਼ਲੀਵ ਸ਼ਿਪਿਯਾਰਡ 'ਤੇ 15 ਕਰੂਜ਼ ਮਿਜ਼ਾਈਲਾਂ ਦਾਗੀਆਂ।

ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਹਵਾਈ ਰੱਖਿਆ ਪ੍ਰਣਾਲੀ ਨੇ 13 ਮਿਜ਼ਾਈਲਾਂ ਨੂੰ ਡੇਗਿਆ, ਪਰ ਬਾਕੀ ਇੱਕ ਸ਼ਿਪਿਯਾਰਡ 'ਤੇ ਡਿੱਗੀਆਂ ਅਤੇ ਇੱਕ ਜਹਾਜ਼ ਨੂੰ ਨੁਕਸਾਨ ਪਹੁੰਚਾਇਆ। ਮੰਤਰਾਲੇ ਨੇ ਇਹ ਨਹੀਂ ਦੱਸਿਆ ਕਿ ਜਹਾਜ਼ ਨੂੰ ਕਿੰਨਾ ਨੁਕਸਾਨ ਹੋਇਆ ਹੈ। ਯੂਕ੍ਰੇਨੀ ਹਵਾਈ ਸੈਨਾ ਦੇ ਕਮਾਂਡਰ ਮਾਈਕੋਲਾ ਓਲੇਸਚੁਕ ਨੇ ਇੱਕ ਬਿਆਨ ਵਿੱਚ ਕਿਹਾ ਕਿ ਹਮਲੇ ਦੇ ਸਮੇਂ ਕਾਲੇ ਸਾਗਰ ਵਿੱਚ ਰੂਸੀ ਬੇੜੇ ਦਾ ਇੱਕ ਅਤਿ ਆਧੁਨਿਕ ਜਹਾਜ਼ ਸੀ, ਜੋ ਕੈਲੀਬਰ ਕਰੂਜ਼ ਮਿਜ਼ਾਈਲ ਦਾ ਵਾਹਕ ਹੈ। ਰੂਸ ਨੇ 2014 ਵਿੱਚ ਗੈਰ-ਕਾਨੂੰਨੀ ਤੌਰ 'ਤੇ ਕ੍ਰੀਮੀਅਨ ਪ੍ਰਾਇਦੀਪ ਨੂੰ ਆਪਣੇ ਦੇਸ਼ ਵਿੱਚ ਸ਼ਾਮਲ ਕਰ ਲਿਆ ਸੀ। ਯੂਕ੍ਰੇਨ ਨੇ ਹਾਲ ਹੀ ਦੇ ਮਹੀਨਿਆਂ ਵਿੱਚ ਕ੍ਰੀਮੀਆ ਵਿੱਚ ਜਲ ਸੈਨਾ ਦੇ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਹੈ।

# ਕਣਕ ਦੇ ਸਬਸਿਡੀ ਵਾਲੇ ਬੀਜਾਂ ਲਈ 1 ਲੱਖ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੋਈਆਂ : ਗੁਰਮੀਤ ਸਿੰਘ ਖੁੱਡੀਆਂ

## 50 ਫੀਸਦੀ ਸਬਸਿਡੀ 'ਤੇ ਕਿਸਾਨਾਂ ਨੂੰ 2 ਲੱਖ ਕੁਇੰਟਲ ਕਣਕ ਦੇ ਪ੍ਰਮਾਣਿਤ ਬੀਜ ਕਰਵਾਏ ਜਾ ਰਹੇ ਹਨ ਮੁਹੱਈਆ



ਚੰਡੀਗੜ੍ਹ, 5 ਨਵੰਬਰ (ਪੋਸਟ ਬਿਊਰੋ): ਪੰਜਾਬ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੂੰ ਕਣਕ ਦੇ ਪ੍ਰਮਾਣਿਤ ਬੀਜਾਂ 'ਤੇ 50 ਫੀਸਦੀ ਸਬਸਿਡੀ ਹਾਸਲ ਕਰਨ ਲਈ ਸੂਬੇ ਦੇ ਕਿਸਾਨਾਂ ਵੱਲੋਂ ਕੁੱਲ 1,09,240 ਅਰਜ਼ੀਆਂ ਪ੍ਰਾਪਤ ਹੋਈਆਂ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਵਿਭਾਗ ਦੇ ਪੋਰਟਲ 'ਤੇ ਹੁਣ ਤੱਕ 8736.8 ਕੁਇੰਟਲ ਬੀਜਾਂ ਦੇ 21,842 ਬਿੱਲ ਅਪਲੋਡ ਹੋ ਚੁੱਕੇ ਹਨ। ਕਣਕ ਦੇ ਬੀਜਾਂ ਲਈ ਪ੍ਰਤੀ ਕਿਸਾਨ ਵੱਧ ਤੋਂ ਵੱਧ 5 ਏਕੜ (2 ਕੁਇੰਟਲ) ਰਕਬੇ ਲਈ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਸਬਸਿਡੀ ਵਾਲੇ ਬੀਜ ਮੁਹੱਈਆ ਕਰਵਾਉਣ ਵਿੱਚ ਅਨੁਸੂਚਿਤ ਜਾਤੀਆਂ, ਛੋਟੇ (2.5 ਤੋਂ 5 ਏਕੜ) ਅਤੇ ਸੀਮਾਂਤ ਕਿਸਾਨਾਂ (2.5 ਏਕੜ ਤੱਕ) ਨੂੰ ਪਹਿਲ ਦਿੱਤੀ ਜਾ ਰਹੀ ਹੈ। ਹਾੜ੍ਹੀ ਦੇ ਸੀਜ਼ਨ 2023-24 ਵਿੱਚ

ਕਣਕ ਦੇ ਪ੍ਰਮਾਣਿਤ ਬੀਜਾਂ ‘ਤੇ ਸਬਸਿਡੀ ਬੀਜਾਂ ਦੀ ਕੁੱਲ ਲਾਗਤ ਦੇ 50 ਫੀਸਦੀ ਜਾਂ ਵੱਧ ਤੋਂ ਵੱਧ 1000 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਮੁਹੱਈਆ ਕਰਵਾਈ ਜਾ ਰਹੀ ਹੈ। ਕਿਸਾਨ ਨੂੰ ਕਣਕ ਦੇ ਬੀਜ ਦੀ ਖਰੀਦ 'ਤੇ ਸਬਸਿਡੀ ਦੀ ਰਕਮ ਘਟਾਉਣ ਤੋਂ ਬਾਅਦ ਬਚੀ ਰਕਮ ਹੀ ਅਦਾ ਕਰਨੀ ਪਵੇਗੀ।

ਖੁੱਡੀਆਂ ਨੇ ਅੱਗੇ ਦੱਸਿਆ ਕਿ ਸਭ ਤੋਂ ਵੱਧ ਅਰਜ਼ੀਆਂ (11,589) ਫਾਜ਼ਿਲਕਾ ਜ਼ਿਲ੍ਹੇ ਤੋਂ ਪ੍ਰਾਪਤ ਹੋਈਆਂ। ਇਸ ਤੋਂ ਬਾਅਦ ਸੰਗਰੂਰ (9894), ਬਠਿੰਡਾ (9282), ਸ੍ਰੀ ਮੁਕਤਸਰ ਸਾਹਿਬ (7261), ਪਟਿਆਲਾ (6205), ਮਾਨਸਾ (6139) ਅਤੇ ਫਰੀਦਕੋਟ (6047) ਤੋਂ ਅਰਜ਼ੀਆਂ ਪ੍ਰਾਪਤ ਹੋਈਆਂ ਹਨ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਵਧੀਆ ਕੁਆਲਿਟੀ ਦੀ ਕਣਕ ਦੇ ਬੀਜ ਮੁਹੱਈਆ ਕਰਵਾਉਣ ਲਈ ਪੂਰੀ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਖੇਤੀਬਾੜੀ ਸੈਕਟਰ ਨੂੰ ਲਾਹੇਵੰਦ ਬਣਾਉਣ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ।

## ਅੱਜ ਨਾਮਾ

ਪ੍ਰਦੂਸ਼ਣ ਦਿੱਲੀ ਦੇ ਅੰਦਰਲਾ ਇੰਜ ਡਾਢਾ,
ਇਹਦੀ ਚਰਚਾ ਸੰਸਾਰ ਵਿੱਚ ਹੋਈ ਬੇਲੀ।
ਹੋਇਆ ਲੋਕਾਂ ਨੂੰ ਸਾਹ ਹੈ ਲੈਣ ਮੁਸ਼ਕਲ,
ਦਰਵਾਜ਼ੇ ਘਰਾਂ ਦੇ ਜਾਂਦੇ ਆ ਢੋਈ ਬੇਲੀ।
ਡਾਕਟਰ ਕਿਹਾ ਕਿ ਘਰੋਂ ਨਾ ਬਾਹਰ ਆਵੋ,
ਵਿਗੜਦੀ ਹਾਲਤ ਨਾ ਜਾਏ ਲੁਕੋਈ ਬੇਲੀ।
ਲੱਗਦਾ ਨਾਲ ਹਰਿਆਣਾ ਵੀ ਬੁਰਾ ਫਾਥਾ,
ਤਣੀ ਪਈ ਧੂੜ ਦੀ ਜਾਪਦੀ ਲੋਈ ਬੇਲੀ।
ਹਾਲਤ ਖਾਸ ਪੰਜਾਬ ਵਿੱਚਠੀਕ ਨਹੀਂਉਂ,
ਵਿਗੜਦਾ ਪਿਆ ਬਠਿੰਡੇ ਦਾਹਾਲ ਬੇਲੀ।
ਮੀਟ ਲਏ ਅੱਖਾਂ ਕਬੂਤਰ ਜੇ ਵੇਖ ਬਿੱਲੀ,
ਸਕਦਾ ਫੇਰ ਵੀ ਭਾਣਾ ਨਹੀਂ ਟਾਲ ਬੇਲੀ।

ਤੀਸ ਮਾਰ ਖਾਂ

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਬ੍ਰੈਂਪਟਨ ਵਿੱਚ ਪਟਾਕਿਆਂ ਤੇ ਪਾਬੰਦੀ ਹੈ

ਤੁਹਾਨੂੰ ਪਟਾਕੇ ਇਸਤੇਮਾਲ ਕਰਨ, ਖਰੀਦਣ, ਵੇਚਣ, ਚਲਾਉਣ, ਡਿਸਪਲੇ ਕਰਨ ਜਾਂ ਆਪਣੇ ਕੋਲ ਰੱਖਣ ਦੀ ਇਜਾਜ਼ਤ ਨਹੀਂ ਹੈ



Scan to learn more

311 brampton.ca/fireworks BRAMPTON


# ਕੈਨੇਡਾ ਵੱਸਦੀ ਕਵਿੱਤਰੀ ਸੁਰਿੰਦਰ ਗੀਤ ਦੀ ਪੁਸਤਕ 'ਮੇਰੀ ਚੋਣਵੀਂ ਕਵਿਤਾ'

## ਡਾ. ਸੁਰਜੀਤ ਪਾਤਰ , ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਹੋਰ ਲੇਖਕਾਂ ਵੱਲੋਂ ਲੋਕ ਅਰਪਣ



ਲੁਧਿਆਣਾ, 5 ਨਵੰਬਰ (ਗਿਆਨ ਸਿੰਘ): ਲੋਕ ਮੰਚ ਪੰਜਾਬ ਵੱਲੋਂ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਸਹਿਯੋਗ ਨਾਲ ਕੈਨੇਡਾ ਵੱਸਦੀ ਪੰਜਾਬੀ ਕਵਿੱਤਰੀ ਸੁਰਿੰਦਰ ਗੀਤ ਦੀ ਪੁਸਤਕ "ਮੇਰੀ ਚੋਣਵੀਂ ਕਵਿਤਾ" ਨੂੰ ਡਾਃ ਸੁਰਜੀਤ ਪਾਤਰ ਚੇਅਰਮੈਨ ਪੰਜਾਬ ਆਰਟਸ ਕੌਂਸਲ, ਪ੍ਰੋਃ ਗੁਰਭਜਨ ਸਿੰਘ ਗਿੱਲ, ਚੇਅਰਮੈਨ, ਪੰਜਾਬੀ ਲੋਕ ਵਿਰਾਸਤ ਅਕਾਡਮੀ, ਲੋਕ ਮੰਚ ਪੰਜਾਬ ਦੇ ਪ੍ਰਧਾਨ ਸੁਰਿੰਦਰ ਸਿੰਘ ਸੁੱਨੜ,ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਪ੍ਰਧਾਨ ਡਾਃ ਲਖਵਿੰਦਰ ਸਿੰਘ ਜੌਹਲ ਤੇ ਜਨਰਲ ਸਾਹਿੱਤ ਅਕਾਡਮੀ ਲੁਧਿਆਣਾ ਦੇ ਜਨਰਲ ਸਕੱਤਰ ਡਾਃ ਗੁਰਇਕਬਾਲ ਸਿੰਘ ਵੱਲੋਂ ਪੰਜਾਬੀ ਭਵਨ ਲੁਧਿਆਣਾ ਵਿਖੇ ਲੋਕ ਅਰਪਣ ਕੀਤਾ ਗਿਆ।

ਸੁਆਗਤੀ ਸ਼ਬਦ ਬੋਲਦਿਆਂ ਡਾਃ ਲਖਵਿੰਦਰ ਸਿੰਘ ਜੌਹਲ ਨੇ ਕਿਹਾ ਕਿ ਕੈਲਗਰੀ (ਕੈਨੇਡਾ) ਵੱਸਦੀ ਕਵਿੱਤਰੀ ਸੁਰਿੰਦਰ ਗੀਤ ਦੀ ਤੁਰੀ ਸਾਂ ਮੈਂ ਉੱਥੇ,ਸੁਣ ਨੀ ਜਿੰਦੇ, ਚੰਦ ਸਿਤਾਰੇ ਮੇਰੇ ਵੀ ਨੇ, ਮੋਹ ਦੀਆਂ ਛੱਲਾਂ, ਕਾਨੇ ਦੀਆਂ ਕਲਮਾਂ, ਰੁੱਖ ਤੇ ਪੰਛੀ,ਸ਼ਬਦ ਸੁਨੱਖੇ, ਗੁਸਤਾਖ਼ ਹਵਾ, ਖੇਤਾਂ ਦਾ ਸਫ਼ਰ,ਵਾ ਵਰੋਲਿਆਂ ਦੇ ਅੰਗ ਸੰਗ ਤੇ ਦਿਲ ਦੀ ਮਮਟੀ ਤੋਂ ਬਾਦ ਹੁਣ ਬਲਬੀਰ ਮਾਧੋਪੁਰੀ ਦੀ ਸੰਪਾਦਨਾ ਹੇਠ ਨਵਯੁਗ ਪਬਲਿਸ਼ਰਜ਼ ਵੱਲੋਂ "ਮੇਰੀ ਚੋਣਵੀਂ ਕਵਿਤਾ "ਪ੍ਰਕਾਸ਼ਤਿ ਹੋਈ ਹੈ। ਇਹ ਸ਼ੁਭ ਕਾਰਜ ਹੈ।

ਪੰਜਾਬੀ ਸਾਹਿੱਤ ਅਕਾਡਮੀ ਦੇ ਜਨਰਲ ਸਕੱਤਰ ਡਾਃ ਗੁਰਇਕਬਾਲ ਸਿੰਘ ਨੇ ਪੁਸਤਕ ਬਾਰੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਇਹ ਪੁਸਤਕ ਅਨੀਤੀਆਂ ਤੇ ਜਬਰ ਦੇ ਖਿਲਾਫ਼ ਖੌਲਦੇ ਖ਼ੂਨ ਵਾਂਗ ਹਥਿਆਰ ਬਣਦੀ ਪ੍ਰਤੀਤ ਹੁੰਦੀ ਹੈ। ਪ੍ਰੇਰਕ ਕਵਿਤਾ ਦੇ ਇਸ ਸੰਗ੍ਰਹਿ ਵਿੱਚ ਸਵੈ ਤੋਂ ਸਮਸ਼ਟੀ ਤੀਕ ਦੀ ਯਾਤਰਾ ਹੈ।

ਸਮਾਗਮ ਦੇ ਮੁੱਖ ਮਹਿਮਾਨ ਪ੍ਰੋਃ ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਸੁਰਿੰਦਰ ਗੀਤ ਦੀ ਸ਼ਾਇਰੀ ਚੁੱਪ ਧੀ ਦੀ ਬੋਲਦੀ ਕਵਿਤਾ ਹੈ। ਉਹ ਲਛਮਣ ਰੇਖਾ ਉਲੰਘ ਕੇ ਪਾਰ ਜਾਂਦੀ ਸ਼ਾਇਰਾ ਹੈ। ਕਿਸਾਨ ਸੰਘਰਸ਼ ਬਾਰੇ ਉਸ ਦੀਆਂ ਕਵਿਤਾਵਾਂ ਦਾ ਸੰਗ੍ਰਹਿ "ਖੇਤਾਂ ਦਾ ਸਫ਼ਰ" ਵਕਤ ਦਾ ਜੀਵੰਤ ਦਸਤਾਵੇਜ਼ ਬਣਨ ਦੇ ਸਮਰੱਥ ਹੈ।

ਇਸ ਮੌਕੇ ਪ੍ਰਧਾਨਗੀ ਭਾਸ਼ਨ ਦਿੰਦਿਆਂ ਡਾ. ਸੁਰਜੀਤ ਪਾਤਰ ਨੇ ਕਿਹਾ ਕਿ ਸੁਰਿੰਦਰ ਗੀਤ ਦੀ ਪੂਰੇ ਪੰਜਾਬੀ ਸਾਹਿੱਤ ਜਗਤ ਨਾਲ ਮਾਸੂਮੀਅਤ ਭਰੀ ਸਾਂਝ ਬਣਾਈ ਹੈ। ਉਨ੍ਹਾਂ ਕਿਹਾ ਕਿ ਮੇਰੀ ਨਾਦੀ ਭੈਣ ਸੁਰਿੰਦਰ ਗੀਤ ਦੀ ਇਹ ਪੁਸਤਕ ਪੰਜਾਬੀ ਕਵਿਤਾ ਵਿੱਚ ਮਹਿਕ ਵਾਂਗ ਸ਼ਾਮਿਲ ਹੋਵੇਗੀ। ਉਸ ਦੀ ਪਹਿਲੀ ਕਿਤਾਬ ਤੋਂ ਲੈ ਕੇ ਇਸ ਪੁਸਤਕ ਤੀਕ ਪੜ੍ਹਦਿਆਂ ਕਹਿ ਸਕਦਾ ਹਾਂ ਕਿ ਇਹ ਉਸ ਦੀ ਕਸ਼ੀਦ ਕੀਤੀ ਆਤਮ ਕਥਾ ਹੈ। ਇਸ ਵਿੱਚ ਉਸ ਦੇ ਸਵੈ, ਧਰਤੀ ਤੇ ਮੁਆਸ਼ਰੇ ਬਾਰੇ ਵਿਚਾਰ ਪਿਘਲ ਕੇ ਕਵਿਤਾ ਬਣੇ ਹਨ। ਸ਼ਿੱਦਤ, ਸ਼ਊਰ, ਸ਼ਿਲਪ ਤੇ ਸ਼ਬਦ ਸੰਵੇਦਨਾ ਦਾ ਸੁਮੇਲ ਹੈ ਸੁਰਿੰਦਰ ਗੀਤ ਦੀ ਕਵਿਤਾ। ਸਮਾਗਮ ਦੇ ਆਰੰਭ ਵਿੱਚ ਸੁਰਿੰਦਰ ਗੀਤ ਨੇ ਆਪਣੀ ਪਸੰਦ ਦੀਆਂ ਪੰਜ ਕਵਿਤਾਵਾਂ ਸੁਣਾਈਆਂ। ਉੱਘੇ ਕਵੀ ਤ੍ਰੈਲੋਚਨ ਲੋਚੀ ਨੇ ਸੁਰਿੰਦਰ ਗੀਤ ਦੀ ਇੱਕ ਰਚਨਾ ਤਰੰਨੁਮ ਵਿੱਚ ਸੁਣਾਈ।

ਲੋਕ ਮੰਚ ਦੇ ਪ੍ਰਧਾਨ ਸੁਰਿੰਦਰ ਸਿੰਘ ਸੁੰਨੜ ਨੇ ਆਏ ਲੇਖਕ ਦੋਸਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਮੰਚ ਪੰਜਾਬ ਪੂਰੇ ਪੰਜਾਬ ਵਿੱਚ ਸਾਹਿੱਤਕ ਸਰਗਰਮੀਆਂ ਨੂੰ ਤੇਜ਼ ਗਤੀ ਪ੍ਰਦਾਨ ਕਰਨ ਲਈ ਯਤਨਸ਼ੀਲ ਰਹੇਗਾ।

ਇਸ ਮੌਕੇ ਸੁਰਿੰਦਰ ਗੀਤ ਨੇ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਲਈ ਪੰਜਾਹਵਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਅਕਾਡਮੀ ਪ੍ਰਧਾਨ ਡਾ. ਲਖਵਿੰਦਰ ਜੌਹਲ ਤੇ ਬਾਕੀ ਅਹੁਦੇਦਾਰਾਂ ਨੂੰ ਸੌਂਪੀ।

ਇਸ ਸਮਾਗਮ ਵਿੱਚ ਸ਼੍ਰੀਮਤੀ ਭੁਪਿੰਦਰ ਪਾਤਰ, ਗੁਰਚਰਨ ਕੌਰ ਕੋਚਰ,ਮਨਦੀਪ ਕੌਰ ਭੰਮਰਾ, ਡਾ. ਬੀਰਿੰਦਰ ਕੌਰ, ਡਾ. ਹਰਜਿੰਦਰ ਸਿੰਘ ਅਟਵਾਲ, ਸੁਰਿੰਦਰਦੀਪ ਕੌਰ,ਮਨਜਿੰਦਰ ਗੋਲ੍ਹੀ ਫ਼ਰੀਦਕੋਟ, ਕਮਲਜੀਤ ਨੀਲੋਂ, ਸੁਰਜੀਤ ਭਗਤ,ਅਮਰਜੀਤ ਸ਼ੇਰਪੁਰੀ, ਡਾ. ਗੁਲਜ਼ਾਰ ਸਿੰਘ ਪੰਧੇਰ, ਚਰਨਜੀਤ ਸਿੰਘ ਯੂ ਐੱਸ ਏ, ਪ੍ਰਸਿੱਧ ਗਾਇਕ ਡਾਃ ਸੁਖਨੈਨ ਸਿੰਘ ਜਲੰਧਰ, ਸਰਬਜੀਤ ਵਿਰਦੀ, ਰਵਦੀਪ ਸਿੰਘ, ਮਲਕੀਤ ਸਿੰਘ ਮਾਲੜਾ ਨੇ ਭਾਗ ਲਿਆ।

# ਲਿੰਗ, ਨਿਆਂ ਅਤੇ ਔਰਤ ਸਸ਼ਕਤੀਕਰਨ ਦੇ ਸਬੰਧ ਸੈਮੀਨਾਰ ਅਤੇ ਭਾਸ਼ਣ ਮੁਕਾਬਲੇ ਕਰਵਾਏ




ਮੁਕਤਸਰ, 5 ਨਵੰਬਰ (ਗਿਆਨ ਸਿੰਘ): ਆਰੀਅਨਜ਼ ਕਾਲਜ ਆਫ ਲਾਅ, ਰਾਜਪੁਰਾ, ਨੇੜੇ ਚੰਡੀਗੜ੍ਹ ਨੇ ਲਿੰਗ ਨਿਆਂ ਅਤੇ ਔਰਤ ਸਸ਼ਕਤੀਕਰਨ ਦੇ ਸਬੰਧ ਵਿੱਚ, ਇੱਕ ਸੈਮੀਨਾਰ ਅਤੇ ਭਾਸ਼ਣ ਮੁਕਾਬਲੇ ਦਾ ਆਯੋਜਨ ਕੀਤਾ। ਸ਼੍ਰੀਮਤੀ ਸ਼ਿਵਪ੍ਰੀਤ ਕੌਰ, ਨਵ-ਨਿਯੁਕਤ ਜੁਡੀਸ਼ੀਅਲ ਅਫਸਰ ਵਿਸ਼ੇਸ਼ ਮਹਿਮਾਨ ਸਨ ਅਤੇ ਐਲਐਲਬੀ ਅਤੇ ਬੀਏ ਐਲਐਲਬੀ ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਆਰੀਅਨਜ਼ ਕਾਲਜ ਆਫ ਲਾਅ ਦੇ ਪ੍ਰਿੰਸੀਪਲ ਡਾ: ਦਵਿੰਦਰ ਕੁਮਾਰ ਸਿੰਗਲਾ ਹਾਜ਼ਰ ਸਨ।

ਸ਼ਿਵਪ੍ਰੀਤ ਕੌਰ ਨੇ ਕਿਹਾ ਕਿ ਕਾਨੂੰਨੀ ਕਿੱਤਾ ਸਮਾਜ ਦਾ ਸਰਵੋਤਮ ਕੰਮ ਹੈ। ਇਸ ਦੀ ਇੱਜ਼ਤ ਨੂੰ ਕਾਇਮ ਰੱਖਣ ਲਈ ਤੁਹਾਨੂੰ ਸਾਰਿਆਂ ਨੂੰ ਯਤਨਸ਼ੀਲ ਹੋਣਾ ਚਾਹੀਦਾ ਹੈ ਅਤੇ ਸੰਵਿਧਾਨ ਵਿੱਚ ਔਰਤਾਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਦਾ ਰੂਪ ਦੇਣਾ ਚਾਹੀਦਾ ਹੈ। ਉਸਨੇ ਕਿਹਾ ਕਿ ਧਾਰਾ 14 ਵਿੱਚ ਪ੍ਰਦਾਨ ਕੀਤੀਆਂ ਵਿਸ਼ੇਸ਼ ਵਿਵਸਥਾਵਾਂ ਅਤੇ ਧਾਰਾ 15 (3) ਵਿੱਚ ਸ਼ਾਮਲ ਸਮਾਨ-ਤਾ ਦੇ ਅਧਿਕਾਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ। ਉਨ੍ਹਾਂ ਵਿਦਿਆਰਥਣਾਂ ਨੂੰ ਤਾਕੀਦ ਕਰਦਿਆਂ ਕਿਹਾ ਕਿ ਤੁਸੀਂ ਕਦੇ ਵੀ ਆਪਣੇ ਆਪ ਨੂੰ ਕਿਸੇ 'ਤੇ ਨਿਰਭਰ ਨਾ ਸਮਝੋ ਅਤੇ ਸਵੈ-ਸਹਾਇਤਾ ਬਣ ਕੇ ਹਰ ਖੇਤਰ ਵਿੱਚ ਮੋਹਰੀ ਬਣਨ ਦੀ ਕੋਸ਼ਿਸ਼ ਕਰੋ।

ਡਾ: ਸਿੰਗਲਾ ਨੇ ਵਿਦਿਆਰਥਣਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਲਿੰਗਕ ਵਿਤਕਰਾ ਹਰ ਥਾਂ 'ਤੇ ਮੁੱਖ ਸਮਾਜਿਕ ਕਾਰਨ ਹੈ ਪਰ ਫਿਰ ਵੀ ਲੜਕੀਆਂ ਸਖ਼ਤ ਮਿਹਨਤ ਕਰ ਰਹੀਆਂ ਹਨ ਅਤੇ ਮਰਦਾਂ ਦੇ ਮੁਕਾਬਲੇ ਕਈ ਪ੍ਰਭਾਵਸ਼ਾਲੀ ਅਹੁਦਿਆਂ 'ਤੇ ਨਿਯੁਕਤ ਹੋ ਰਹੀਆਂ ਹਨ ਅਤੇ ਸਾਨੂੰ ਸਾਰਿਆਂ ਨੂੰ ਇਸ 'ਤੇ ਮਾਣ ਹੋਣਾ ਚਾਹੀਦਾ ਹੈ।

ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਡਾ: ਅਨੁਰਾਗ ਧੀਮਾਨ, ਨਵਨੀਤ ਕੌਰ, ਐਚ.ਓ.ਡੀ. ਡਾ.ਪ੍ਰਿਤਿਕਾ, ਪ੍ਰਿਅੰਕਾ ਬਾਂਸਲ, ਸੰਸਕ੍ਰਿਤੀ ਰਾਣਾ, ਆਰੀਅਨਜ਼ ਕਾਲਜ ਆਫ ਲਾਅ ਦੇ ਫੈਕਲਟੀ ਵੀ ਮੌਜੂਦ ਸਨ।


Office: 416-654-1010


Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com



$1,149,000

## 98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


## 97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


## 103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

## 6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

## 2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

**ਪਾਸਪੋਰਟ / ਵੀਜ਼ਾ**
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

**Vehicle Registration**
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification


Lic.43779

**Other Services**
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.

Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse,
DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਮੁੱਖ ਮੰਤਰੀ ਨੇ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧਤਾ ਦੁਹਰਾਈ

## ਮੁੱਖ ਮੰਤਰੀ ਨੇ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧਤਾ ਦੁਹਰਾਈ








ਸੁਨਾਮ, (ਸੰਗਰੂਰ), 5 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਅੱਜ ਇੱਥੇ ਖੇਤਰੀ ਯੁਵਕ ਮੇਲੇ ਦੀ ਪ੍ਰਧਾਨਗੀ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਨੌਜਵਾਨਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡ ਜਾ ਰਹੀ। ਉਨ੍ਹਾਂ ਕਿਹਾ ਕਿ ਇੱਕ ਪਾਸੇ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕਰਨ ਲਈ ਵਿਸ਼ੇਸ਼ ਕਦਮ ਚੁੱਕੇ ਗਏ ਹਨ ਅਤੇ ਦੂਜੇ ਪਾਸੇ ਸੂਬੇ ਵਿੱਚ ਉਨ੍ਹਾਂ ਦੀ ਬੇਅੰਤ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾਉਣ ਲਈ ਵੱਡੇ ਉਪਰਾਲੇ ਕੀਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਉਪਰਾਲੇ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰੱਖੇ ਜਾਣਗੇ ਜਿਸ ਲਈ ਸੂਬਾ ਸਰਕਾਰ ਨੇ ਪਹਿਲਾਂ ਹੀ ਖਾਕਾ ਤਿਆਰ ਕਰ ਲਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਤਰ੍ਹਾਂ ਹਵਾਈ ਅੱਡਿਆਂ 'ਤੇ ਰਨਵੇ ਹਵਾਈ ਜਹਾਜ਼ ਨੂੰ ਸਹੀ ਢੰਗ ਨਾਲ ਉਡਾਣ ਭਰਨ ਲਈ ਸਹਾਈ ਹੁੰਦਾ ਹੈ, ਉਸੇ ਤਰ੍ਹਾਂ ਸੂਬਾ ਸਰਕਾਰ ਨੌਜਵਾਨਾਂ ਨੂੰ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਮਦਦ ਕਰ ਰਹੀ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਦੇ ਵਿਚਾਰਾਂ ਨੂੰ ਖੰਭ ਦੇਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਸਮਾਜ ਵਿੱਚ ਆਪਣੀ ਵੱਖਰੀ ਪਛਾਣ ਕਾਇਮ ਕਰਨ ਲਈ ਹਰ ਸੰਭਵ ਯਤਨ ਕਰਨ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਿੱਤ 'ਤੇ ਰਸ਼ਕ ਨਾ ਕਰਨ ਸਗੋਂ ਨਿਮਰ ਹੋ ਕੇ ਕੰਮ ਕਰਨ ਅਤੇ ਹੋਰ ਸਫਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ ਕਰਨ। ਉਨ੍ਹਾਂ ਕਿਹਾ ਕਿ ਆਤਮ-ਵਿਸ਼ਵਾਸ ਅਤੇ ਸਾਕਾਰਾਤਮਕ ਪਹੁੰਚ ਹਰ ਵਿਅਕਤੀ ਦੀ ਸ਼ਖ਼ਸੀਅਤ ਦੇ ਮੂਲ ਗੁਣ ਹੋਣੇ ਚਾਹੀਦੇ ਹਨ ਪਰ ਇਸ ਵਿੱਚ ਕੋਈ ਹੰਕਾਰ ਨਹੀਂ ਹੋਣਾ ਚਾਹੀਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰ ਖੇਤਰ ਵਿੱਚ ਸਫ਼ਲਤਾ ਦੀ ਸਕ੍ਰਿਪਟ ਲਿਖਣ ਲਈ ਇਹੀ ਕੁੰਜੀ ਹੈ ਅਤੇ ਇਸ ਨੂੰ ਸਹੀ ਮਾਅਨਿਆਂ ਵਿੱਚ ਲਾਗੂ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਆਪਣੇ ਕਾਲਜ ਦੇ ਦਿਨਾਂ ਨੂੰ ਯਾਦ ਕਰਦਿਆਂ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀ ਸਮੁੱਚੀ ਸ਼ਖ਼ਸੀਅਤ ਨੂੰ ਨਿਖਾਰਨ ਲਈ ਮੰਚ ਵਜੋਂ ਭੂਮਿਕਾ ਅਦਾ ਕਰਦੇ ਹਨ। ਉਨ੍ਹਾਂ ਕਿਹਾ, "ਯੁਵਕ ਮੇਲਿਆਂ ਨੇ ਮੈਨੂੰ ਇਕ ਕਲਾਕਾਰ ਵਜੋਂ ਅਤੇ ਹੁਣ ਇਕ ਸਿਆਸਤਦਾਨ ਵਜੋਂ ਜ਼ਿੰਦਗੀ ਵਿੱਚ ਬੁਲੰਦੀ ਹਾਸਲ ਕਰਨ ਵਿੱਚ ਮਦਦ ਕੀਤੀ ਹੈ। ਨੌਜਵਾਨਾਂ ਨੂੰ ਵੀ ਆਪਣੀ ਸ਼ਖਸੀਅਤ ਵਿਕਾਸ ਲਈ ਇਨ੍ਹਾਂ ਮੰਚਾਂ ਦੀ ਢੁਕਵੀਂ ਵਰਤੋਂ ਕਰਨੀ ਚਾਹੀਦੀ ਹੈ।"

ਆਪਣੇ ਕਾਲਜ ਦੇ ਦਿਨਾਂ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਵੱਖ-ਵੱਖ ਯੁਵਕ ਮੇਲਿਆਂ ਵਿੱਚ ਪ੍ਰਦਰਸ਼ਨ ਕੀਤਾ ਅਤੇ ਕਾਲਜ ਲਈ ਟਰਾਫੀਆਂ ਜਿੱਤੀਆਂ। ਭਗਵੰਤ ਸਿੰਘ ਮਾਨ ਨੇ ਕਿਹਾ, "ਜਿੱਤਣਾ ਹੀ ਮੇਰਾ ਇਕੋ-ਇਕ ਜਨੂੰਨ ਹੈ ਅਤੇ ਜਿੱਤ ਲਈ ਮੈਂ ਹਮੇਸ਼ਾ ਸਕਾਰਾਤਮਕ ਸੋਚ ਰੱਖੀ ਹੈ। ਨੌਜਵਾਨਾਂ ਨੂੰ ਵੀ ਦ੍ਰਿੜਤਾ ਨਾਲ ਕੰਮ ਕਰਨ ਅਤੇ ਮਿਹਨਤ ਵਿੱਚ ਵਿਸ਼ਵਾਸ ਰੱਖਣਾ ਚਾਹੀਦਾ ਹੈ ਕਿਉਂਕਿ ਇਹੀ ਸਫਲਤਾ ਦੀ ਕੁੰਜੀ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਇਹ ਕਾਲਜ ਉਨ੍ਹਾਂ ਨੂੰ ਸਫਲ ਅਤੇ ਵਧੀਆ ਇਨਸਾਨ ਬਣਨ ਦਾ ਮੰਚ ਪ੍ਰਦਾਨ ਕਰਦਾ ਹੈ। ਕਾਲਜ ਪ੍ਰਬੰਧਕਾਂ ਵੱਲੋਂ ਕੀਤੀਆਂ ਜਾ ਰਹੀਆਂ ਮੰਗਾਂ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਫੰਡਾਂ ਦੀ ਕੋਈ ਕਮੀ ਨਹੀਂ ਹੈ ਕਿਉਂਕਿ ਸਰਕਾਰ ਦਾ ਮੁੱਖ ਏਜੰਡਾ ਸਿੱਖਿਆ ਦਾ ਪਾਸਾਰ ਕਰਨਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਡਿਜੀਟਲ ਲਾਇਬ੍ਰੇਰੀ, ਅੱਠ ਕਮਰੇ, ਇਨਡੋਰ ਸਟੇਡੀਅਮ ਅਤੇ ਹੋਰ ਮੰਗਾਂ ਵੀ ਜਲਦ ਪੂਰੀਆਂ ਕੀਤੀਆਂ ਜਾਣਗੀਆਂ।




ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 33-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Well settled family living in canada from 16 years.
Call: 204-510-7658 or 519-917-5055

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਭਵਿੱਖ ਦੇ ਭਾਰਤ ਲਈ ਮਿਲਦੇ ਕੋਝੇ ਸੰਕੇਤਾਂ ਦਾ ਭੋਲੀ-ਭਾਰਤੀਅਤਾ ਨੂੰ ਪਤਾ ਹੀ ਕੋਈ ਨਹੀਂ



ਜਤਿੰਦਰ ਪੰਨੂ

ਭਾਰਤ ਦੀ ਕੇਂਦਰੀ ਸੱਤਾ ਦਾ ਸੈਮੀ-ਫਾਈਨਲ ਕਹੀਆਂ ਜਾਂਦੀਆਂ ਪੰਜ ਰਾਜਾਂ ਦੀਆਂ ਚੋਣਾਂ ਲਈ ਸਰਗਰਮੀ ਜਦੋਂ ਸਿਖਰਾਂ ਉੱਤੇ ਹੈ, ਓਦੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵਿਰੋਧੀ ਧਿਰ ਦੇ ਆਗੂਆਂ ਨੂੰ ਦਿੱਤੀ ਸਿੱਧੀ ਬਹਿਸ ਦੀ ਚੁਣੌਤੀ ਨੇ ਏਥੇ ਰਾਜਨੀਤਕ ਬਹਿਸ ਲਈ ਨਵਾਂ ਮੁੱਦਾ ਖੜਾ ਕਰ ਦਿੱਤਾ ਸੀ। ਵਿਰੋਧੀ ਧਿਰ ਦੇ ਆਗੂ ਕਦੀ ਇਸ ਸਿੱਧੀ ਬਹਿਸ ਦੀ ਹਾਂ ਕਰਦੇ ਅਤੇ ਕਦੀ ਸ਼ਰਤਾਂ ਲਾਉਣ ਦੇ ਬਾਅਦ ਪਾਸਾ ਵੱਟਦੇ ਰਹੇ ਤੇ ਅਖੀਰਲੇ ਦਿਨ ਇਸ ਤੋਂ ਕਿਨਾਰਾ ਕਰ ਗਏ, ਪਰ ਮੁੱਖ ਮੰਤਰੀ ਨੇ ਇਹ ਮੌਕਾਹੱਥੋਂ ਨਹੀਂਜਾਣ ਦਿੱਤਾ। ਉਸ ਨੇ ਇੱਕ-ਤਰਫਾ ਬਹਿਸ ਬਹਾਨੇ ਭਾਸ਼ਣ ਦੇ ਦੌਰਾਨਆਪਣਾ ਪੱਖ ਲੋਕਾਂ ਮੂਹਰੇ ਰੱਖਿਆ ਅਤੇ ਦੂਸਰਿਆਂ ਦੀਆਂ ਪਿਛਲੀਆਂ ਸਰਕਾਰਾਂ ਦਾ ਕਾਲਾ-ਚਿੱਟਾ ਹਰ ਇੱਕ ਨੁਕਤਾ ਵੀ ਲੋਕਾਂ ਸਾਹ-ਮਣੇ ਰੱਖਣ ਤੋਂ ਕੋਈ ਨਹੀਂ ਰਹਿਣ ਦਿੱਤਾ। ਜਿਹੜੇ ਵਿਰੋਧੀ ਆਗੂ ਓਥੇ ਨਹੀਂ ਸਨ ਗਏ, ਉਨ੍ਹਾਂ ਇਸ ਬਾਰੇ ਓਸੇ ਸ਼ਾਮ ਜਾਂ ਅਗਲੇ ਦਿਨਾਂ ਵਿੱਚ ਆਪਣਾ ਪੱਖ ਪ੍ਰੈੱਸ ਕਾਨਫਰੰਸਾਂ ਜਾਂ ਬਿਆਨਾਂ ਰਾਹੀਂ ਪੇਸ਼ ਕਰ ਲਿਆ। ਇਸ ਬਹਿਸ ਦੌਰਾਨ ਫਿਰ ਜਿੱਤਿਆ ਕੌਣ ਤੇ ਹਾਰਿਆ ਕੌਣ,ਇਸ ਵੇਲੇ ਅਸੀਂ ਇਸ ਚਰਚਾ ਵਿੱਚ ਨਹੀਂ ਪੈ ਰਹੇ, ਇਸ ਦੀ ਥਾਂ ਭਾਰਤ ਦੇ ਕੌਮੀ ਪਿੜ ਵਿੱਚ ਜਿੱਦਾਂ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ, ਉਨ੍ਹਾਂ ਦੇ ਵਹਿਣ ਨੂੰ ਵੱਧ ਨੀਝ ਨਾਲ ਵੇਖ ਰਹੇ ਹਾਂ।

ਆਮ ਪ੍ਰਭਾਵ ਹੈ ਕਿ ਭਾਰਤ ਦਾ ਕੌਮੀ ਮੀਡੀਆ ਭਾਰਤੀ ਜਨਤਾ ਪਾਰਟੀ ਜਾਂ ਉਸ ਨਾਲ ਜੁੜੇ ਹੋਏ ਵੱਡੇ ਕਾਰਪੋਰੇਟ ਘਰਾਣਿਆਂ ਦੇ ਕੰਟਰੋਲ ਵਿੱਚ ਹੋਣ ਕਾਰਨ ਇੱਕ-ਤਰਫਾ ਪ੍ਰਚਾਰ ਵਰਗੀਆਂ ਖਬਰਾਂ ਤੇ ਬਹਿਸਾਂ ਵਿਖਾ-ਵਿਖਾ ਕੇ ਆਪਣੀ ਭਰੋਸੇਯੋਗਤਾ ਵੀ ਗੁਆਈ ਫਿਰਦਾ ਹੈ ਅਤੇ ਦਰਸ਼ਕਾਂ ਦਾ ਘੇਰਾ ਵੀ। ਇਸ ਦੀ ਥਾਂ ਭਾਰਤ ਵਿੱਚ ਸ਼ੋਸ਼ਲ ਮੀਡੀਆ ਦੇ ਵੱਧ ਚਰਚਿਤ ਹੋ ਜਾਣ ਦੀ ਗੱਲ ਕੋਈ ਵੀ ਰੱਦ ਨਹੀਂ ਕਰਦਾ ਅਤੇ ਸੋਸ਼ਲ ਮੀਡੀਆ ਵਿੱਚ ਸਰਕਾਰ ਦੇ ਪ੍ਰਚਾਰ ਦੇ ਐਨ ਉਲਟ ਏਨਾ ਕੁਝ ਪੇਸ਼ ਹੋਈ ਜਾਂਦਾ ਹੈ ਕਿ ਉਸ ਦੀ ਮਾਰ ਵੀ ਢਿੱਲੀ ਨਹੀਂ। ਇਸ ਨਾਲ ਚੋਣ ਜੰਗ ਵਿੱਚ ਨਵਾਂ ਦੌਰ ਸ਼ੁਰੂ ਹੋ ਚੁੱਕਾ ਹੈ ਤੇ ਪੰਜਾਂ ਰਾਜਾਂ ਦੀਆਂ ਚੋਣਾਂ ਵਿੱਚ ਲੜਾਈ ਲੀਡਰਾਂ ਤੋਂ ਵੱਧ ਮੀਡੀਆ ਚੈਨਲਾਂ ਦੀ ਬਣੀ ਜਾਂਦੀ ਹੈ। ਜਿਹੜੇ ਵੱਡੇ ਘਰਾਣੇ ਕਦੀ ਨਰਿੰਦਰ ਮੋਦੀ ਨੂੰ ਮੁੱਖ ਮੰਤਰੀ ਤੇ ਫਿਰ ਪ੍ਰਧਾਨ ਮੰਤਰੀ ਵਜੋਂ ਕਾਮਯਾਬੀ ਦੇ ਅਜੋਕੇ ਪੜਾਅ ਤੱਕ ਪੁਚਾਉਣ ਵਾਸਤੇ ਮਦਦਗਾਰ ਸਮਝੇ ਜਾਂਦੇ ਸਨ, ਉਨ੍ਹਾਂ ਵਿੱਚੋਂ ਕਈ ਇਸ ਵੇਲੇ ਪੈਰ ਪਿੱਛੇ ਖਿੱਚ ਰਹੇ ਜਾਪਦੇ ਹਨ। ਇਸ ਦੇ ਉਲਟ ਕਾਂਗਰਸ ਵਾਲੀ ਧਿਰ ਪਹਿਲਾਂ ਨਾਲੋਂ ਕੁਝ ਉੱਠਦੀ ਤਾਂ ਜਾਪਦੀ ਹੈ, ਪਰ ਅਜੇ ਵੀ ਉਸ ਪੱਧਰ ਤੱਕ ਪਹੁੰਚਣ ਦੀ ਗੱਲ ਦਿਖਾਈ ਨਹੀਂ ਦੇਂਦੀ, ਜਦੋਂ ਉਸ ਬਾਰੇ ਕਿਹਾ ਜਾਵੇ ਕਿ ਚੋਣਾਂ ਵਿੱਚ ਤਖਤਾ ਪਲਟ ਸਕਦੀ ਹੈ। ਇਸ ਨਾਲ ਟੱਕਰ ਲਈ ਜਿਹੜਾ ਇੰਡੀਆ ਗੱਠਜੋੜ ਬਣਾਇਆ ਗਿਆ ਸੀ, ਉਸ ਵਿੱਚ ਪੰਜ ਰਾਜਾਂ ਦੀਆਂ ਚੋਣਾਂ ਲਈ ਸੀਟਾਂ ਵੰਡਣ ਵਿੱਚ ਏਨੀ ਖਹਿਬਾਜ਼ੀ ਹੋਈ ਕਿ ਸਰਕਾਰ ਪੱਖੀ ਮੀਡੀਏ ਨੂੰ ਇਹ ਕਹਿਣਾ ਸੌਖਾ ਹੋ ਗਿਆ ਕਿ ਇਹ ਗੱਠਜੋੜ ਗੇਅਰ ਵਿੱਚ ਪੈਣ ਤੋਂ ਵੀ ਪਹਿਲਾਂ ਖਿੱਲਰਨ ਲੱਗ ਪਿਆ ਹੈ। ਅਸਲ ਵਿੱਚ ਇਹੋ ਜਿਹੀ ਕੋਈ ਗੱਲ ਹਾਲ ਦੀ ਘੜੀ ਨਹੀਂ। ਸੀਟਾਂ ਦੀ ਵੰਡ-ਵੰਡਾਈ ਲਈ ਇੱਕੋ ਪਾਰਟੀ ਵਿੱਚ ਵੀ ਰੇੜਕੇ ਪੈ ਜਾਇਆ ਕਰਦੇ ਹਨ, ਅਸਲ ਮੁੱਦਾ ਅਗਲੇ ਸਾਲ ਹੋ ਰਹੀਆਂ ਲੋਕ ਸਭਾ ਚੋਣਾਂ ਦਾ ਹੋਵੇਗਾ।

ਚੋਣਾਂ ਨੇੜੇ ਅਸੀਂ ਇੱਕ ਜਾਂ ਦੂਸਰੀ ਪਾਰਟੀ ਤੇ ਇੱਕ ਜਾਂ ਦੂਸਰੀ ਧਿਰ ਦੇ ਪੱਖ ਜਾਂ ਵਿਰੋਧ ਵਿੱਚ ਖੁਦ ਕਿਸੇ ਤਰ੍ਹਾਂ ਦੀ ਕਿਆਫੇਬਾਜ਼ੀ ਕਰਨ ਦੀ ਥਾਂ ਉਹ ਗੱਲ ਕਹਿਣੀ ਚਾਹੁੰਦੇ ਹਾਂ, ਜਿਹੜੀ ਆਮ ਲੋਕ ਮੂੰਹੋਂ-ਮੂੰਹ ਕਹਿੰਦੇ ਹਨ ਅਤੇ ਇਸ ਦੇਸ਼ ਦੇ ਸਾਰੇ ਲੀਡਰ ਵੀ ਜਾਣਦੇ ਹਨ ਕਿ ਉਨ੍ਹਾਂ ਬਾਰੇ ਭਾਰਤੀ ਲੋਕਾਂ ਦੀ ਕੀ ਰਾਏ ਹੈ! ਇਹ ਕੋਈ ਕਹਿਣ ਦੀ ਗੱਲ ਨਹੀਂ ਰਹਿ ਗਈ ਕਿ ਆਮ ਲੋਕਾਂ ਦੀ ਨਜ਼ਰ ਵਿੱਚ ਅੱਜਕੱਲ੍ਹ ਕਿਸੇ ਦਾ ਸਿਆਸੀ ਆਗੂ ਹੋਣਾ ਹੀ ਭਰੋਸੇਯੋਗਤਾ ਦੇ ਪੱਖੋਂ ਸੱਖਣਾ ਹੋਣ ਦਾ ਪਹਿਲਾਂ ਸੰਕੇਤ ਸਮਝਿਆ ਜਾਣ ਲੱਗਦਾ ਹੈ। ਕੋਈ ਇੱਕ ਵੀ ਪਾਰਟੀ ਇਸ ਤਰ੍ਹਾਂ ਦੀ ਨਹੀਂ, ਜਿਸ ਨੇ ਕਦੀ ਕੋਈ ਬੇਅਸੂਲੇ ਸਮਝੌਤੇ ਨਾ ਕੀਤੇ ਅਤੇ ਤੋੜੇ ਹੋਣ ਤੇ ਜਿਨ੍ਹਾਂ ਆਗੂਆਂ ਨੂੰ ਕੱਲ੍ਹ ਤੱਕ ਗੰਦਗੀ ਦੇ ਢੇਰਾਂ ਜਿੰਨੀ ਸੜ੍ਹਿਆਂਦ ਛੱਡਦੇ ਆਖਿਆ ਹੋਵੇ, ਉਨ੍ਹਾਂ ਨੂੰ ਆਪਣੇ ਨਾਲ ਜੋੜਿਆ ਅਤੇ ਵੱਡੇ ਅਹੁਦੇ ਤੇ ਵਜ਼ੀਰੀਆਂ ਦੇ ਗੱਫੇ ਨਾ ਬਖਸ਼ੇ ਹੋਣ। ਇਸ ਵਕਤ ਇਹ ਦੋਸ਼ ਭਾਜਪਾ ਉੱਤੇ ਸਭ ਤੋਂ ਵੱਧ ਲੱਗਦਾ ਹੈ, ਪਰ ਦੇਸ਼ ਦੀ ਆਜ਼ਾਦੀ ਤੋਂ ਬਾਅਦ ਦੇ ਇਤਹਾਸ ਉੱਤੇ ਨਜ਼ਰ ਪਾਈਏ ਜਾਵੇ ਤਾਂ ਸਭ ਤੋਂ ਲੰਮਾਂ ਸਮਾਂ ਕੇਂਦਰ ਤੇ ਰਾਜਾਂ ਵਿਚਲੀਆਂ ਸਰਕਾਰਾਂ ਚਲਾਉਂਦੀ ਰਹੀ ਕਾਂਗਰਸ ਪਾਰਟੀ ਇਸ ਵਰਤਾਰੇ ਦੀ ਮੋਢੀ ਮੰਨੀ ਜਾ ਸਕਦੀ ਹੈ। ਜਿਨ੍ਹਾਂ ਲੋਕਾਂ ਨੂੰ ਉਹ ਦੇਸ਼-ਧਰੋਹੀ ਤੇ ਗੱਦਾਰ ਕਹਿੰਦੀ ਹੁੰਦੀ ਸੀ, ਬਾਅਦ ਵਿੱਚ ਉਨ੍ਹਾਂ ਦੇ ਨਾਲ ਹੀ ਸਾਂਝ ਪਾ ਲੈਂਦੀ ਸੀ ਅਤੇ ਕੁਝ ਥਾਂਈਂ ਉਨ੍ਹਾਂ ਨੂੰ ਰਾਜਾਂ ਦੇ ਮੁੱਖ ਮੰਤਰੀ ਬਣਾ ਚੁੱਕੀ ਸੀ। ਇਹੋ ਕੁਝ ਭਾਜਪਾ ਵਾਲੇ ਅੱਜਕੱਲ੍ਹ ਕਰਦੇ ਹਨ। ਵਿਰੋਧੀ ਗੱਠਜੋੜ ਦੇਨਾਲ ਹੋਵੇ ਤਾਂ ਐੱਨ ਸੀ ਪੀ ਵਾਲੇ ਸ਼ਰਦ ਪਵਾਰ ਦਾ ਭਤੀਜਾ ਅਜੀਤ ਪਵਾਰ ਏਨਾ ਮਾੜਾ ਗਿਣਿਆ ਜਾਂਦਾ ਸੀ ਕਿ ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਸ ਦੇ ਕਿਰਦਾਰ ਬਾਰੇ ਟਿਪਣੀਆਂ ਦੀ ਲੜੀ ਬੰਨ੍ਹੀ ਜਾਂਦਾ ਸੀ, ਪਰ ਕੁਝ ਚਿਰ ਪਿੱਛੋਂ ਉਹੀ ਅਜੀਤ ਪਵਾਰ ਜਦੋਂ ਭਾਜਪਾ ਨਾਲਆ ਗਿਆ ਤਾਂ ਭਾਜਪਾ ਨੇ ਉਸ ਰਾਜ ਦਾ ਡਿਪਟੀ ਮੁੱਖ ਮੰਤਰੀ ਵੀ ਬਣਾ ਦਿੱਤਾ ਸੀ ਅਤੇ ਉਸ ਦੇ ਪਿਛਲੇ ਪਿਛਲੇ ਸਾਰੇ ਕੇਸ ਵੀ ਰੱਦ ਕਰਵਾ ਦਿੱਤੇ ਸਨ।

ਤਾਮਿਲ ਨਾਡੂ ਦਾ ਕਿੱਸਾ ਭਾਰਤ ਦੇ ਲੋਕਾਂ ਦੇ ਚੇਤੇ ਵਿੱਚ ਨਹੀਂ ਰਿਹਾ ਹੋਣਾ। ਓਥੇ ਦੋ ਲੀਡਰਾਂ ਕਰੁਣਾਨਿਧੀ ਤੇ ਉਸ ਦੀ ਕੱਟੜ ਵਿਰੋਧੀ ਜੈਲਲਿਤਾ ਦਾ ਆਪੋ ਵਿੱਚ ਪੱਕਾ ਆਢਾ ਲੱਗਾ ਹੁੰਦਾ ਸੀ। ਦੋਵਾਂ ਉੱਤੇ ਭ੍ਰਿਸ਼ਟਾਚਾਰ ਦੇ ਕੇਸ ਬਣਦੇ ਤੇ ਗ੍ਰਿਫਤਾਰੀਆਂ ਹੁੰਦੀਆਂ ਰਹਿੰਦੀਆਂ ਸਨ ਅਤੇ ਜਾਣਕਾਰ ਆਖਦੇ ਸਨ ਕਿ ਦੋਵਾਂ ਵਿੱਚੋਂ ਕਿਸੇ ਉੱਤੇ ਵੀ ਲੱਗਦੇ ਇਹ ਦੋਸ਼ ਅਸਲੋਂ ਝੂਠੇ ਨਹੀਂ। ਉਨ੍ਹਾਂ ਦੋਵਾਂ ਆਗੂਆਂ ਨਾਲ ਭਾਰਤ ਦੀ ਹਰ ਪਾਰਟੀ ਨੇ ਕਦੇ ਉਸ ਪਾਸੇ ਅਤੇ ਕਦੀ ਇਸ ਪਾਸੇ ਵੱਲੋਂ ਗੱਠਜੋੜ ਕਰ-ਕਰ ਕੇ ਚੋਣਾਂ ਲੜੀਆਂ ਅਤੇ ਕਦੀ ਜਿੱਤੀਆਂ ਤੇ ਕਦੀ ਹਾਰੀਆਂ ਸਨ। ਫਰਕ ਸਿਰਫ ਇਹ ਕਿ ਜਿਹੜੇ ਪਾਸੇ ਕਾਂਗਰਸ ਹੁੰਦੀ ਸੀ, ਭਾਜਪਾ ਉਸ ਦੇ ਉਲਟ ਪਾਸੇ ਖੜੋਣ ਲਈ ਦੂਸਰੀ ਧਿਰ ਨਾਲ ਗੱਠਜੋੜ ਬਣਾ ਲੈਂਦੀ ਅਤੇ ਪੰਜ ਸਾਲ ਬਾਅਦ ਅਗਲੀ ਚੋਣ ਮੌਕੇ ਕਾਂਗਰਸ ਵਾਲੇ ਪਾਸੇ ਭਾਜਪਾ ਅਤੇ ਭਾਜਪਾ ਵਾਲੇ ਪਾਸੇ ਕਾਂਗਰਸ ਖੜੀ ਦਿੱਸਦੀ ਸੀ। ਤਾਮਿਲ ਰਾਜਨੀਤੀ ਦੀਆਂ ਦੋਵੇਂ ਧਿਰਾਂ ਕਦੇ ਕਿਸੇ ਦੀਆਂ ਪੱਕੀਆਂ ਸਾਥੀ ਨਹੀਂ ਰਹੀਆਂ, ਪਰ ਮਹਾਰਾਸ਼ਟਰ ਵਿੱਚ ਸ਼ਿਵ ਸੈਨਾ ਏਦਾਂ ਨਹੀਂ ਸੀ ਕਰਦੀ ਹੁੰਦੀ, ਉਹ ਦਹਾਕਿਆਂ ਬੱਧੀ ਭਾਜਪਾ ਦੀ ਪੱਕੀ ਸਹਿਯੋਗੀ ਰਹੀ ਤੇ ਕਾਂਗਰਸ ਅਤੇ ਹੋਰ ਸੈਕੂਲਰ ਧਿਰਾਂ ਦੇ ਖਿਲਾਫ ਭਾਜਪਾ ਤੋਂ ਵੱਧ ਭੜਕਾਹਟ ਖਿਲਾਰਦੀ ਹੁੰਦੀ ਸੀ। ਰਾਜ ਦੇ ਮੁੱਖ ਮੰਤਰੀ ਦੀ ਕੁਰਸੀ ਦਾ ਝਗੜਾ ਪੈ ਗਿਆ ਤਾਂ ਸ਼ਿਵ ਸੈਨਾ ਲੀਡਰਸ਼ਿਪ ਨੇ ਭਾਜਪਾ ਨਾਲੋਂ ਸਾਂਝ ਤੋੜੀ ਅਤੇ ਕਾਂਗਰਸ ਅਤੇ ਐੱਨ ਸੀ ਪੀ ਪਾਰਟੀ ਨਾਲ ਜੋੜ ਕੇ ਸਰਕਾਰ ਬਣਾ ਲਈ। ਜਿਹੜੇ ਭਾਜਪਾਈ ਆਗੂ ਕਦੇ ਸ਼ਿਵ ਸੈਨਾ ਵਾਲਿਆਂ ਦੇ ਗਲਤ ਕੰਮਾਂ ਦੀ ਹਰ ਪੱਖੋਂ ਢਾਲ ਬਣ-ਬਣ ਕੇ ਉਨ੍ਹਾਂ ਦਾ ਬਚਾਅ ਕਰਦੇ ਹੁੰਦੇ ਸਨ, ਬਦਲੇ ਹਾਲਾਤ ਵਿੱਚ ਉਹ ਸ਼ਿਵ ਸੈਨਾ ਆਗੂਆਂ ਨੂੰ ਕੇਂਦਰ ਦੀਆਂ ਏਜੰਸੀਆਂ ਤੋਂ ਗ੍ਰਿਫਤਾਰ ਕਰਾਉਣ ਦੇ ਰਾਹ ਪੈ ਗਏ। ਕੁਰਸੀ ਦੀ ਲੜਾਈ ਇਸ ਵਕਤ ਉਨ੍ਹਾਂ ਦੋ ਧਿਰਾਂ ਵਿਚਾਲੇ ਜਿਸ ਪੜਾਅ ਉੱਤੇ ਪਹੁੰਚ ਗਈ ਹੈ, ਸੁਣਿਆ ਜਾਂਦਾ ਹੈ ਕਿ ਇਹ ਕਦੀ ਵੀ ਦੋਬਾਰਾ ਇਕੱਠੇ ਨਹੀਂ ਹੋ ਸਕਦੇ, ਪਰ ਅਸੀਂ ਇਸ ਗੱਲ ਨੂੰ ਭੁਲਾ ਦੇਂਦੇ ਹਾਂ ਕਿ ਐੱਨ ਸੀ ਪੀ ਵਾਲਿਆਂ ਨੂੰ ਵੀ ਸ਼ਿਵ ਸੈਨਾ ਦਾ ਪੱਕਾ ਵਿਰੋਧੀ ਕਿਹਾ ਜਾਂਦਾ ਸੀ, ਉਹ ਏਨਾ ਵਲਾਵਾਂ ਪਾ ਕੇ ਸ਼ਿਵ ਸੈਨਾ ਨਾਲ ਜੁੜ ਗਏ ਹਨ ਤਾਂ ਭਲਕੇ ਕੌਣ ਕਿਸ ਪਾਸੇ ਜੁੜਜਾਵੇਗਾ, ਇਸ ਦੀ ਗਾਰੰਟੀ ਨਹੀਂ।ਖੱਬੇ ਪੱਖੀਆਂ ਦੇ ਰਾਜ ਵੇਲੇ ਜਿਹੜੀ ਮਮਤਾ ਬੈਨਰਜੀ ਪੱਛਮੀ ਬੰਗਾਲ ਵਿੱਚ ਸਿਰਫ ਕਾਮਰੇਡਾਂ ਤੋਂ ਸੱਤਾ ਖੋਹਣ ਲਈ ਹਰ ਮਾੜੇ-ਚੰਗੇ ਤੱਤਨਾਲ ਸਾਂਝ ਪਾਉਣ ਲਈ ਤਿਆਰ ਹੁੰਦੀ ਸੀ, ਅੱਜ ਆਪਣੀ ਕੁਰਸੀ ਨੂੰ ਖਤਰਾ ਵੇਖ ਕੇ ਕਾਂਗਰਸ ਅਤੇ ਕਮਿਊਨਿਸਟਾਂ ਨੂੰ ਸਾਂਝਾ ਮੋਰਚੇਲਈ ਸੱਦੇ ਦੇਈ ਜਾਂਦੀ ਹੈ। ਇਹੋ ਤਾਂ ਰਾਜਨੀਤੀ ਹੈ, ਅਤੇ ਖਾਸ ਤੌਰ ਉੱਤੇ ਇਹੀ ਭਾਰਤੀ ਰਾਜਨੀਤੀ ਹੈ।


ਏਦਾਂ ਦੀ ਰਾਜਨੀਤੀ ਨੇ ਭਾਰਤ ਦੇਸ਼ ਨੂੰ ਉਸ ਮੋੜ ਉੱਤੇ ਪੁਚਾ ਦਿੱਤਾ ਹੈ, ਜਿੱਥੋਂ ਮੋੜਾ ਕੱਟਣਾ ਇਸ ਦੇਸ਼ ਦੇ ਲਈ ਅਸੰਭਵ ਨਹੀਂ ਤਾਂ ਫਿਰ ਵੀ ਏਨਾਔਖਾ ਜਾਪਦਾ ਹੈ ਕਿ ਬਹੁਤੇ ਲੋਕਾਂ ਨੂੰ ਮੋੜੇ ਦੀ ਆਸ ਨਹੀਂ। ਕਿਸੇ ਸਮੇਂ ਜਿਹੜੇ ਦੇਸ਼ ਵਿੱਚ 'ਈਸ਼ਵਰ ਅੱਲਾ ਤੇਰੋ ਨਾਮ, ਸਭ ਕੋ ਸੁਮੱਤੀ ਦੇ ਭਗਵਾਨ' ਦੇ ਬੋਲ ਗੂੰਜਦੇ ਹੁੰਦੇ ਸਨ, ਉਸ ਦੇਸ਼ ਵਿੱਚ ਅੱਜ ਰਾਮ ਦਾ ਨਾਂਅ ਜਪਣ ਵਾਲਾ ਕੋਈ ਆਗੂ ਉੱਠ ਕੇ ਦੂਸਰੇ ਧਰਮਾਂ ਦੇ ਧਰਮ-ਅਸਥਾਨਾਂ ਨੂੰ ਨਾਸੂਰ ਆਖਦਾ ਤੇ ਜੜ੍ਹੋਂ ਪੁੱਟਣ ਦਾ ਭਾਸ਼ਣ ਕਰਦਾ ਤੇ ਵੱਡੇ ਅਹੁਦਿਆਂ ਵਾਲੇ ਲੋਕ ਮੰਚ ਉੱਤੇ ਬੈਠੇ ਤਾੜੀਆਂ ਮਾਰਦੇ ਹਨ। ਰਾਜਸਥਾਨ ਦੇ ਇੱਕ ਚੋਣ ਜਲਸੇ ਵਿੱਚ ਜੋ ਕੁਝ ਇੱਕ ਸਿਆਸੀ ਲੀਡਰ ਨੇ ਆਖਿਆ ਅਤੇ ਬਾਕੀਆਂ ਨੇ ਤਾੜੀਆਂ ਮਾਰ ਕੇ ਸ਼ਾਬਾਸ਼ ਦਿੱਤੀ ਹੈ, ਉਹ ਭਵਿੱਖ ਦੀ ਭਾਰਤੀ ਰਾਜਨੀਤੀ ਦਾ ਇੱਕ ਗੁੱਝਾ ਸੰਕੇਤ ਸਮਝਣਾ ਚਾਹੀਦਾ ਹੈ। ਇਹ ਰਾਜਨੀਤਕ ਸੰਕੇਤ ਦੇਣ ਦਾ ਮਾਹੌਲ ਰਾਤ-ਰਾਤ ਨਹੀਂ ਬਣ ਗਿਆ, ਦੇਸ਼ ਨੂੰ ਆਜ਼ਾਦੀ ਮਿਲਣ ਦੇ ਦਿਨ ਤੋਂ ਕੁਰਸੀਆਂ ਖਾਤਰ ਵੱਖੋ-ਵੱਖ ਭਾਈਚਾਰਿਆਂ ਦੇ ਲੋਕਾਂ ਨੂੰ ਉਕਸਾਉਣ ਦੀ ਰਾਜਨੀਤੀ ਦੇ ਕੱਢੇ ਹੋਏ ਸਿੱਟਿਆਂ ਵਿੱਚੋਂ ਇੱਕ ਹੈ, ਪਰ ਇੱਕੋ-ਇੱਕ ਨਹੀਂ। ਏਦਾਂ ਦਾ ਹਰ ਕੋਈਭਾਸ਼ਣ ਭਵਿੱਖ ਲਈ ਇੱਕ ਇਸ ਤਰ੍ਹਾਂ ਦਾ ਸੰਕੇਤ ਹੁੰਦਾ ਹੈ, ਜਿਸ ਨੂੰ ਸਮਝਣ ਵਾਲਿਆਂ ਦੀ ਰਾਤ ਦੀ ਨੀਂਦ ਉੱਡ ਸਕਦੀ ਹੈ, ਪਰ ਜਿਨ੍ਹਾਂ ਨੇ ਆਪਣੀ ਅੱਖ ਸੱਤਾ ਦੇ ਸਿੰਘਾਸਨ ਉੱਤੇ ਟਿਕਾਈ ਹੁੰਦੀ ਹੈ, ਉਨ੍ਹਾਂ ਨੂੰ ਇਸ ਦਾ ਕਿਸੇ ਵੀ ਤਰ੍ਹਾਂ ਦਾ ਫਿਕਰ ਨਹੀਂ ਹੁੰਦਾ, ਸਗੋਂ ਸੱਤਾ ਪ੍ਰਾਪਤ ਹੋਣ ਦਾ ਸੁਫਨਾ ਸਾਕਾਰ ਹੁੰਦਾ ਜਾਪਦਾ ਹੈ। 'ਕਰਦੇ ਆਗੂ, ਭਰਦੇ ਲੋਕ' ਦਾ ਮੁਹਾਵਰਾ ਕੋਈ ਸਦੀਆਂ ਪੁਰਾਣਾ ਨਹੀਂ, ਸਾਡੇ ਸਮਿਆਂ ਵਿੱਚ ਹੀ ਕਿਸੇ ਨੇ ਸਹਿਜ-ਸੁਭਾਅ ਘੜਿਆ ਜਾਪਦਾ ਹੈ, ਜਿਹੜਾ ਅਜੋਕੇ ਸਮੇਂ ਤੇ ਭਵਿੱਖ ਦੇ ਭਾਰਤ ਦੇ ਨਸੀਬੇ ਦਾ ਆਪਣੇ-ਆਪਣੇ ਵਿੱਚ ਇੱਕ ਥੀਸਿਸ ਹੈ, ਉਹ ਥੀਸਿਸ, ਜਿਹੜਾ ਦੇਸ਼ ਦੀ ਜਿਸ ਜਨਤਾ ਨੂੰ ਭੁਗਤਣਾ ਪੈ ਸਕਦਾ ਹੈ, ਉਸ ਵਿਚਾਰੀ ਭੋਲੀ-ਭਾਲੀ ਭਾਰਤੀਅਤਾ ਨੂੰ ਇਸ ਦਾ ਪਤਾ ਹੀ ਨਹੀਂ।













ASIAN FOOD CENTRE
Diwali SALE
WE HAVE LARGE QUANTITY OF DIYA
www.AsianFoodCentre.com
27TH OCT TO 13TH NOV 2023
Fresh Fruits, Vegetables, Indian & Canadian Grocery
$11.99 MEERA WHOLE WHEAT ATTA
$13.99 SHER MULTIGRAIN ATTA
$12.99 QUALITY WHOLE WHEAT ATTA
$11.99 817 BASMATI RICE
$5.99 SHER BESAN
$12.99 MEERA BESAN
$2.49 SAFFRON
$1.99 SURATI SNACKS
$6.99 GURU JI BADAM & KESHARIA THANDAI SYRUP
$4.29 KHALSA PANEER
$4.99 TEZ MUSTARD OIL
$24.99 NANAK DESI GHEE
$24.99 VERKA DESI GHEE
$1.49 HALDIRAM ALOO BHUJIA, KHATTA MEETHA, TASTY NUTS, MOONG DAL
$4.99 ALMONDS
$2.99 BAMBINO VERMICELLI
$1.49 HALDIRAM BHELPURI
$3.29 DABUR MUSTARD OIL
$3.99 BRITANNIA CAKE RUSK
$3.99 BRITANNIA MASKA CHASKA
2 FOR $1 BRITANNIA NICE TIME
$4.29 HALDIRAM PANI PURI
$4.49 VIDYA PANI PURI
$2.49 HALDIRAM SOAN PAPDI
$10.99 VERKA BROWN SUGAR
$8.99 RED LABEL INDIA
$8.99 TEA INDIA
$9.99 WAGHBAKRI TEA
$8.99 TAPAL DANEDAR TEA
$2.49 POPULAR SAMOSA/SPRING ROLLS
$3.29 POPULAR PARATHA
$3.49 THAKAR MATAR KULCHA
$5.49 HALDIRAM FAMILY PACK NAAN
$1.49 SANTOSH NAAN
$6.99 TASTY FROZEN PEAS
$1.49 AASHIRVAAD PARATHA
$0.69 BRITANNIA GOOD DAY COOKIES
$2.79 RUBICON ASST. JUICE
$1.79 FROOTI
$7.99 SAVERA RASMALAI
$5.99 NANAK GULAB JAMUN
$7.99 APNA TASTE RASMALAI
$5.99 APNA TASTE GULAB JAMUN
$7.99 POPULAR PARATHA
$3.99 AAP KI PASANAD SOYA TIKKA CHAAP
$3.99 AAP KI PASANAD SOYA CHAAP
$5.99 SAVERA KHOA
$3.29 HALDIRAM KHARI BOONDI
WE HAVE LARGE QUANTITY OF DIYA & DIWALI ITEMS
Variety of Indian Sweets Available
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
TOLL FREE 1-800-708-9232
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
H.K. MOVERS
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES